# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 19-09-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਅੱਜ ਇੱਕ ਸਿੱਖ ਵਫ਼ਦ ਨੇ ਮੁਲਾਕਾਤ ਕਰਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਪਵਿੱਤਰ ਜੋੜੇ ਸਾਹਿਬ ਰਖਣ ਸੰਬੰਧੀ ਆਪਣੀਆਂ ਸਿਫਾਰਸ਼ਾਂ ਸੌਂਪੀਆਂ ਨੇ।
- ਦੇਸ਼ ਇਸ ਮਹੀਨੇ 1965 ਦੀ ਭਾਰਤ-ਪਾਕਿਸਤਾਨ ਜੰਗ ਦੀ ਜਿੱਤ ਦੇ 60 ਸਾਲ ਮਨਾ ਰਿਹਾ ਏ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਹਿੱਤਾਂ ਦੀ ਰਾਖੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਈ.
- ਪੰਜਾਬ ਪੁਲਿਸ ਨੇ ਅੱਜ ਫਗਵਾੜਾ'ਚ ਇੱਕ ਵੱਡੇ ਸਾਈਬਰ ਧੋਖਾਧੜੀ ਰੈਕੇਟ ਦਾ ਪਰਦਾਫਾਸ਼ ਕਰਦਿਆਂ 36 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ.

- ਏਸ਼ੀਆ ਕੱਪ Twenty-Twenty ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ ਓਮਾਨ ਨਾਲ ਹੋਵੇਗਾ।

**<u>ਹੁਣ ਖਬਰਾਂ ਵਿਸਥਾਰ ਨਾਲ....</u>**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਅੱਜ ਇੱਕ ਸਿੱਖ ਵਫ਼ਦ ਮਿਲਿਆ ਜਿਸਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਪਵਿੱਤਰ ਜੋੜੇ ਸਾਹਿਬ ਨੂੰ ਡਿਸਪਲੇ ਕਰਨ ਭਾਵ ਓਹਨਾਂ ਨੂੰ ਦਰਸ਼ਨਾਂ ਲਈ ਰਖਣ ਨੂੰ ਸੁਰੱਖਿਅਤ ਰੱਖਣ ਲਈ ਆਪਣੀਆਂ ਸਿਫਾਰਸ਼ਾਂ ਸੌਂਪੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਪਵਿੱਤਰ ਜੋੜੇ ਸਾਹਿਬ ਸ਼ਾਨਦਾਰ ਸਿੱਖ ਇਤਿਹਾਸ ਦਾ ਹਿੱਸਾ ਹੁੰਦਿਆਂ ਅਧਿਆਤਮਿਕ ਤੌਰ 'ਤੇ ਮਹੱਤਵਪੂਰਨ ਹੋਣ ਦੇ ਨਾਲ- ਨਾਲ ਸਾਡੇ ਦੇਸ਼ ਦੇ ਸੱਭਿਆਚਾਰ ਦਾ ਵੀ ਅਹਿਮ ਹਿੱਸਾ ਨੇ. ਸ਼੍ਰੀ ਮੋਦੀ ਨੇ ਅੱਗੇ ਕਿਹਾ ਕਿ ਪਵਿੱਤਰ ਜੋੜੇ ਸਾਹਿਬ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੁਰੂ ਗੋਬਿੰਦ ਸਿੰਘ ਜੀ ਵਲੋਂ ਦਿਖਾਏ ਗਏ ਹਿੰਮਤ, ਧਰਮ, ਨਿਆਂ ਅਤੇ ਸਮਾਜਿਕ ਸਦਭਾਵਨਾ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰਨਗੇ।

-----------------------------------------------------------------------

ਦੇਸ਼ ਇਸ ਮਹੀਨੇ 1965 ਦੀ ਭਾਰਤ-ਪਾਕਿਸਤਾਨ ਜੰਗ ਦੀ ਜਿੱਤ ਦੇ 60 ਸਾਲ ਪੂਰੇ ਹੋਣ ਨੂੰ ਮਨਾ ਰਿਹਾ ਏ ਅਤੇ ਉਨ੍ਹਾਂ ਬਹਾਦਰ ਫੌਜੀਆਂ ਦੀਆਂ ਕੁਰਬਾਨੀਆਂ ਅਤੇ ਦਲੇਰਾਨਾ ਕਾਰਨਾਮਿਆਂ ਨੂੰ ਯਾਦ ਕਰ ਰਿਹਾ ਏ,

ਜਿਨ੍ਹਾਂ ਨੇ ਇਸ ਜੰਗ ਵਿੱਚ ਹਿੱਸਾ ਲਿਆ ਸੀ। ਦੇਸ਼ ਦੀ ਰਖਿਆ ਕਰਦਿਆਂ ਆਪਣੀ ਜਾਨ ਕੁਰਬਾਨ ਕਰ ਦੇਣ ਅਤੇ ਭਾਰਤ ਦੀ ਜਿੱਤ ਯਕੀਨੀ ਬਣਾਉਣ ਵਾਲੇ ਬਹਾਦਰਾਂ, ਦਾ ਸਨਮਾਨ ਕਰਨ ਲਈ, ਸਰਕਾਰ ਕਈ ਸਮਾਗਮ ਕਰ ਰਹੀ ਏ. ਇਸ ਸੰਬੰਧ ‘ਚ, ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਨਵੀਂ ਦਿੱਲੀ ਵਿੱਚ ਸਾਬਕਾ ਫੌਜੀਆਂ ਅਤੇ ਜੰਗ ਦੇ ਨਾਇਕਾਂ ਦੇ ਪਰਿਵਾਰਾਂ ਨਾਲ ਗੱਲਬਾਤ ਕੀਤੀ. ਸਾਡੇ ਪੱਤਰਕਾਰ ਨੇ ਖਬਰ ਦਿੱਤੀ ਏ ਕਿ, ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਸ੍ਰੀ ਸਿੰਘ ਨੇ ਕਿਹਾ ਕਿ ਹਰ ਭਾਰਤੀ ਫੌਜੀ ਇਸ ਵਿਸ਼ਵਾਸ ਨਾਲ ਸੇਵਾ ਕਰਦਾ ਏ ਕਿ ਦੇਸ਼ ਦੀ ਪ੍ਰਭੂਸੱਤਾ ਅਤੇ ਅਖੰਡਤਾ ਨਾਲ ਕਦੇ ਵੀ ਕਿਸੇ ਵੀ ਕੀਮਤ 'ਤੇ ਸਮਝੌਤਾ ਨਹੀਂ ਕੀਤਾ ਜਾਵੇਗਾ-

VC

1965 ਦੀ ਭਾਰਤ-ਪਾਕਿਸਤਾਨ ਜੰਗ ਭਾਰਤ ਦੀਆਂ ਹਥਿਆਰਬੰਦ ਫੌਜਾਂ ਦੇ ਇਤਿਹਾਸ ਵਿੱਚ ਇੱਕ ਪਰਿਭਾਸ਼ਿਤ ਅਧਿਆਇ ਵਜੋਂ ਸਥਾਪਿਤ ਏ. 22 ਦਿਨਾਂ ਤੱਕ ਚੱਲੀ ਇਸ ਜੰਗ ਵਿੱਚ ਪੱਛਮੀ ਮੋਰਚੇ 'ਤੇ ਟੈਂਕ ਅਤੇ ਪੈਦਲ ਫੌਜਾਂ ਦੀਆਂ ਬੇਮਿਸਾਲ ਲੜਾਈਆਂ ਹੋਈਆਂ। ਅਸਮਾਨ ਲੜਾਕੂ ਜਹਾਜ਼ਾਂ ਦੀ ਆਵਾਜ਼ ਨਾਲ ਗੂੰਜ ਰਿਹਾ ਸੀ, ਜਦੋਂ ਕਿ ਜ਼ਮੀਨ 'ਤੇ, ਭਾਰਤੀ ਫੌਜਾਂ ਨੇ ਆਪਣੀਆਂ ਸਰਹੱਦਾਂ ਦੀ ਰਾਖੀ ਲਈ ਬਹਾਦਰੀ ਨਾਲ ਲੜਾਈ

ਲੜੀ। ਜੰਮੂ-ਕਸ਼ਮੀਰ ਦੀਆਂ ਬਰਫੀਲੀਆਂ ਪਹਾੜੀਆਂ ਤੋਂ ਲੈ ਕੇ, ਪੰਜਾਬ ਦੇ ਉਪਜਾਊ ਮੈਦਾਨਾਂ ਵਿੱਚੋਂ ਲੰਘਦੇ ਹੋਏ, ਰਾਜਸਥਾਨ ਦੇ ਮਾਰੂਥਲ ਤੱਕ, ਭਾਰਤੀ ਫੌਜੀਆਂ ਨੇ ਬੇਮਿਸਾਲ ਹਿੰਮਤ ਦਿਖਾਈ ਸੀ. ਇਸ ਜੰਗ ਵਿੱਚ ਹਿੱਸਾ ਲੈਣ ਵਾਲੇ ਸਾਬਕਾ ਫੌਜੀਆਂ ਨੇ ਆਕਾਸ਼ਵਾਣੀ ਨਾਲ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ -

BYTE

ਇਹ ਜੰਗ ਸਿਰਫ਼ ਹਥਿਆਰਾਂ ਦੀ ਜੰਗ ਨਹੀਂ ਸੀ; ਇਹ ਇੱਛਾ ਸ਼ਕਤੀ ਦੀ ਜੰਗ ਸੀ, ਇੱਕ ਅਜਿਹੀ ਜੰਗ ਜਿਸਨੇ ਹਰ ਕੀਮਤ 'ਤੇ ਆਪਣੀ ਪ੍ਰਭੂਸੱਤਾ ਦੀ ਰੱਖਿਆ ਕਰਨ ਲਈ ਭਾਰਤ ਦੇ ਦ੍ਰਿੜ ਇਰਾਦੇ ਨੂੰ ਦਰਸਾਇਆ ਸੀ।

---------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਹਿੱਤਾਂ ਦੀ ਰਾਖੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਅੱਜ ਕਿਹੈ ਕਿ ਸੂਬਾ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਭਾਰਤ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ। ਆੜ੍ਹਤੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰੀ ਗੰਭੀਰਤਾ ਨਾਲ ਹੱਲ ਕਰਨ ਲਈ ਵਚਨਬੱਧ ਏ। ਆੜ੍ਹਤੀਆਂ ਨੂੰ ਮੰਡੀਆਂ ਵਿੱਚ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਵਿੱਚ ਆਪਣੀ ਅਹਿਮ

ਭੂਮਿਕਾ ਨਿਭਾਉਣ ਦੀ ਅਪੀਲ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਈ ਅਹਿਮ ਕਦਮਾਂ ਦਾ ਐਲਾਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਆੜ੍ਹਤੀਆਂ ਦੇ ਲਾਇਸੈਂਸਾਂ ਦੀ ਪ੍ਰਮਾਣਿਕਤਾ ਨੂੰ ਪੰਜ ਤੋਂ ਵਧਾ ਕੇ ਦਸ ਸਾਲ ਕੀਤਾ ਜਾਵੇਗਾ ਅਤੇ ਨਵੇਂ ਲਾਇਸੈਂਸ 48 ਘੰਟਿਆਂ ਦੇ ਅੰਦਰ ਜਾਰੀ ਕੀਤੇ ਜਾਣਗੇ।

----------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ, ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ। ਉਨ੍ਹਾਂ ਦਾ ਇਹ ਸੁਪਨਾ ਉਦੋਂ ਸਾਕਾਰ ਹੋਇਆ ਜਦੋਂ 3 ਸਤੰਬਰ ਨੂੰ, GST ਕੌਂਸਲ ਨੇ ਦਰਾਂ ਨੂੰ ਤਰਕਸੰਗਤ ਬਣਾਉਣ, ਕਈ ਖੇਤਰਾਂ ਵਿੱਚ ਟੈਕਸ ਦਰਾਂ ਘਟਾਉਣ ਅਤੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ। ਅੱਜ, ਅਸੀਂ ਆਟੋਮੋਬਾਈਲ ਸਨਅਤ 'ਤੇ ਇਹਨਾਂ ਸੁਧਾਰਾਂ ਦੇ ਸੰਭਾਵੀ ਅਸਰ ਬਾਰੇ ਗੱਲ ਕਰਦੇ ਹਾਂ -

V/C

ਆਮ ਆਦਮੀ ਲਈ ਇੱਕ ਵੱਡੀ ਰਾਹਤ ਵਜੋਂ, ਜੀਐਸਟੀ ਕੌਂਸਲ ਨੇ ਆਟੋਮੋਬਾਈਲ ਸੈਕਟਰ ਲਈ ਟੈਕਸ ਵਿੱਚ ਮਹੱਤਵਪੂਰਨ ਕਟੌਤੀਆਂ ਦਾ ਐਲਾਨ ਕੀਤਾ ਏ। ਆਟੋਮੋਬਾਈਲ ਸਨਅਤ ਸਿੱਧੇ ਅਤੇ ਅਸਿੱਧੇ ਤੌਰ 'ਤੇ ਨਿਰਮਾਣ, ਵਿਕਰੀ, ਵਿੱਤ ਅਤੇ ਰੱਖ-ਰਖਾਅ ਵਿੱਚ, ਸਾਢੇ 3 ਕਰੋੜ ਤੋਂ

ਵੱਧ ਨੌਕਰੀਆਂ ਦਾ ਸਮਰਥਨ ਕਰਦੀ ਏ। ਜੀਐਸਟੀ ਦੀਆਂ ਘੱਟ ਦਰਾਂ, ਮੰਗ ਨੂੰ ਵਧਾਉਣਗੀਆਂ, ਜਿਸ ਨਾਲ ਸਿਰਫ ਆਟੋਮੋਬਾਈਲ ਨਿਰਮਾਤਾਵਾਂ ਹੀ ਨਹੀਂ ਸਗੋਂ ਟਾਇਰ, ਬੈਟਰੀਆਂ, ਹਿੱਸੇ-ਪੁਰਜ਼ਿਆਂ, glass, ਸਟੀਲ, ਪਲਾਸਟਿਕ ਅਤੇ ਇਲੈਕਟ੍ਰਾਨਿਕਸ ਸਮੇਤ ਵਿਸ਼ਾਲ ਸਹਾਇਕ ਸਨਅਤਾਂ ਨੂੰ ਵੀ ਲਾਭ ਮਿਲੇਗਾ। ਟੈਕਸ ਵਿਚ ਕਟੌਤੀ ਪੁਰਾਣੇ ਵਾਹਨਾਂ ਨੂੰ ਨਵੇਂ, ਈਂਧਣ-ਕੁਸ਼ਲ ਮਾਡਲਾਂ ਨਾਲ ਬਦਲਣ ਨੂੰ ਵੀ ਉਤਸ਼ਾਹਿਤ ਕਰੇਗੀ, ਜਿਸ ਨਾਲ ਸਾਫ਼-ਸੁਥਰੀ ਅਤੇ ਚੁਗਿਰਦੇ ਪੱਖੀ ਆਵਾਜਾਈ ਨੂੰ ਉਤਸ਼ਾਹ ਮਿਲੇਗਾ। ਨਵੀਆਂ ਟੈਕਸ ਦਰਾਂ ਸੋਮਵਾਰ ਤੋਂ ਲਾਗੂ ਹੋਣਗੀਆਂ।

ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ

---------------------------------------------------------------------------

ਪੰਜਾਬ ਪੁਲਿਸ ਨੇ ਅੱਜ ਕਪੂਰਥਲਾ ਜ਼ਿਲ੍ਹੇ ਦੇ ਫਗਵਾੜਾ ਵਿੱਚ ਇੱਕ ਵੱਡੇ ਸਾਈਬਰ ਧੋਖਾਧੜੀ ਰੈਕੇਟ ਦਾ ਪਰਦਾਫਾਸ਼ ਕਰਦਿਆਂ 36 ਵਿਅਕਤੀਆਂ ਨੂੰ 40 ਲੈਪਟਾਪ, 67 ਮੋਬਾਈਲ ਫੋਨ ਅਤੇ 10 ਲੱਖ ਰੁਪਏ ਨਕਦੀ ਸਮੇਤ ਗ੍ਰਿਫ਼ਤਾਰ ਕੀਤਾ ਏ. ਪੁਲਿਸ ਹਲਕਿਆਂ ਮੁਤਾਬਿਕ ਇਹ ਰੈਕੇਟ ਸਾਫਟਵੇਅਰ ਹੱਲ ਪ੍ਰਦਾਨ ਕਰਨ ਦੀ ਆੜ ਵਿੱਚ ਅਮਰੀਕਾ ਅਤੇ

ਕੈਨੇਡਾ ਵਿੱਚ ਲੋਕਾਂ ਨੂੰ ਨਿਸ਼ਾਨਾ ਬਣਾਉਂਦਾ ਸੀ। ਲੈਣ-ਦੇਣ ਮੁੱਖ ਤੌਰ 'ਤੇ ਬਿਟਕੋਇਨ ਅਤੇ ਹਵਾਲਾ ਚੈਨਲਾਂ ਰਾਹੀਂ ਕੀਤਾ ਜਾਂਦਾ ਸੀ। ਇੱਕ ਸਥਾਨਕ ਨਿਵਾਸੀ ਦਿੱਲੀ ਅਤੇ ਕੋਲਕਾਤਾ ਵਿੱਚ ਸੰਪਰਕਾਂ ਨਾਲ ਰੈਕੇਟ ਚਲਾਉਣ ਵਿੱਚ ਸ਼ਾਮਲ ਸੀ। ਹੋਰ ਜਾਂਚ ਜਾਰੀ ਏ।

--------------------------------------------------------------------

ਪੰਜਾਬ ਸਰਕਾਰ ਨੇ ਸੂਬੇ ਵਿਚ ਹੜ ਪੀੜਤਾਂ ਨੂੰ ਰਾਹਤ ਪ੍ਰਦਾਨ ਕਰਨ ਲਈ 26 ਤੋਂ 29 ਸਤੰਬਰ ਤੱਕ ਪੰਜਾਬ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਉਣ ਦਾ ਫੈਸਲਾ ਕੀਤਾ ਏ। ਇਸ ਬਾਰੇ ਮੁੱਖ ਮੰਤਰੀ ਨੇ ਕਿਹਾ ਏ ਕਿ ਇਹ ਵਿਸੇਸ ਇਜਲਾਸ  ਹਾਲ ਹੀ ਵਿੱਚ ਹੜਾਂ ਨਾਲ ਹੋਏ ਨੁਕਸਾਨ ਨਾਲ ਸਬੰਧਤ ਨਿਯਮਾਂ ਵਿੱਚ ਕਈ ਲੋਕ-ਪੱਖੀ ਸੋਧਾਂ ਪੇਸ ਕਰਨ ‘ਤੇ ਕੇਂਦ੍ਰਿਤ ਹੋਵੇਗਾ। ਉਨਾਂ ਕਿਹਾ ਕਿ ਹੜ ਪੀੜਤਾਂ ਲਈ ਮੁਆਵਜੇ ਸਬੰਧੀ ਨਵੇਂ ਕਾਨੂੰਨ ਵੀ ਸਦਨ ਵਿੱਚ ਪੇਸ ਕੀਤੇ ਜਾਣਗੇ ਤੇ ਮਨਜੂਰੀ ਦਿੱਤੀ ਜਾਵੇਗੀ।

--------------------------------------------------------------------

ਸਿਵਿਲ ਹਵਾਬਾਜ਼ੀ ਬਾਰੇ ਰਾਜ ਮੰਤਰੀ ਮੁਰਲੀਧਰ ਮੋਹੋਲ ਅੱਜ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਉਹਨਾਂ ਪਹਿਲੀ ਵਾਰ ਪੰਜਾਬ ਆਉਣ 'ਤੇ ਸ਼੍ਰੀ ਦਰਬਾਰ ਸਾਹਿਬ ਵਿਖੇ ਮੱਥਾ ਟੇਕ ਕੇ ਆਪਣੀ ਹਾਜ਼ਰੀ ਭਰੀ ਅਤੇ ਦੇਸ਼ ਲਈ ਅਮਨ-ਚੈਨ ਦੀ ਅਰਦਾਸ ਕੀਤੀ।

ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੀ ਮੋਹੋਲ ਨੇ ਦੱਸਿਆ ਕਿ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਆਏ ਹੜ੍ਹਾਂ ਕਾਰਨ ਵੱਡਾ ਨੁਕਸਾਨ ਹੋਇਆ ਏ. ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰੇ ਕੇਂਦਰੀ ਮੰਤਰੀਆਂ ਨੂੰ ਹਦਾਇਤ ਕੀਤੀ ਏ ਕਿ, ਉਹ ਵੱਖ-ਵੱਖ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕਰਕੇ ਹਾਲਾਤ ਦਾ ਜਾਇਜ਼ਾ ਲੈਣ। ਉਨ੍ਹਾਂ ਨੇ ਯਕੀਨ ਦਿਵਾਇਆ ਕਿ, ਕੇਂਦਰ ਸਰਕਾਰ ਪੰਜਾਬ ਸਮੇਤ ਦੇਸ਼ ਦੇ ਸਾਰੇ ਹੜ ਪ੍ਰਭਾਵਿਤ ਇਲਾਕਿਆਂ ਵਿੱਚ ਲੋਕਾਂ ਦੀ ਮਦਦ ਲਈ ਵਚਨਬੱਧ ਏ ਅਤੇ ਰਾਹਤ ਤੇ ਮੁੜ੍ਹਵਸੇਬੇ  ਦੇ ਕਾਰਜ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ।

---------------------------------------------------------------------------

ਪੰਜਾਬ ਦੇ ਜਲ ਸਰੋਤ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਅਧਿਕਾਰੀਆਂ ਨੂੰ ਦਰਿਆਵਾਂ ਦੇ ਪਾੜਾਂ ਨੂੰ ਪੂਰਨ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਜਲ ਸਰੋਤ ਵਿਭਾਗ ਦੇ ਅਧਿਕਾਰੀਆਂ ਨਾਲ ਚੰਡੀਗੜ੍ਹ ‘ਚ ਹੰਗਾਮੀ ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਚੱਲ ਰਹੇ ਕਾਰਜਾਂ ਦੀ ਸਥਿਤੀ ਦਾ ਜਾਇਜ਼ਾ ਲਿਆ। ਉਨ੍ਹਾਂ ਸੂਬੇ ਭਰ ਵਿੱਚ ਬੰਨ੍ਹਾਂ ਦੇ ਪਾੜਾਂ ਨੂੰ ਪੂਰਨ ਅਤੇ ਸੰਵੇਦਨਸ਼ੀਲ ਹਿੱਸਿਆਂ ਨੂੰ ਮਜ਼ਬੂਤ ਕਰਨ ਲਈ ਵਿੱਢੇ ਕਾਰਜਾਂ ਬਾਰੇ ਵੀ ਜਾਣਕਾਰੀ ਲਈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਹੁਣ ਤੱਕ 44 ਪਾੜਾਂ ਬਾਰੇ ਖਬਰ

ਮਿਲੀ ਏ ਜਿਹਨਾਂ ਵਿੱਚੋਂ ਜ਼ਿਆਦਾਤਰ ਪਾੜ ਪਹਿਲਾਂ ਹੀ ਪੂਰੇ ਜਾ ਚੁੱਕੇ ਨੇ ਜਦੋਂ ਕਿ ਬਾਕੀ ਪਾੜਾਂ ਨੂੰ ਪੂਰਨ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਏ।

----------------------------------------------------------------------

ਏਸ਼ੀਆ ਕੱਪ Twenty-Twenty ਕ੍ਰਿਕੇਟ ਵਿੱਚ, ਗਰੁੱਪ ਏ ਦੇ ਆਖਰੀ ਮੁਕਾਬਲਾ ਵਿੱਚ, ਅੱਜ ਭਾਰਤ ਦਾ ਮੁਕਾਬਲਾ ਓਮਾਨ ਨਾਲ ਹੋਵੇਗਾ। ਇਹ ਮੈਚ ਰਾਤ 8 ਵਜੇ ਤੋਂ ਅਬੂ ਧਾਬੀ ਵਿੱਚ ਖੇਡਿਆ ਜਾਵੇਗਾ। ਭਾਰਤ ਪਹਿਲਾਂ ਹੀ ਦੋ ਮੈਚਾਂ ਵਿੱਚ, 4 ਅੰਕਾਂ ਨਾਲ ਸੁਪਰ-4 ਵਿੱਚ ਪਹੁੰਚ ਚੁੱਕਾ ਏ.

----------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨਾਲ ਅੱਜ ਇੱਕ ਸਿੱਖ ਵਫ਼ਦ ਨੇ ਮੁਲਾਕਾਤ ਕਰਕੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਮਾਤਾ ਸਾਹਿਬ ਕੌਰ ਜੀ ਦੇ ਪਵਿੱਤਰ ਜੋੜੇ ਸਾਹਿਬ ਰਖਣ ਸੰਬੰਧੀ ਆਪਣੀਆਂ ਸਿਫਾਰਸ਼ਾਂ ਸੌਂਪੀਆਂ ਨੇ।
- ਦੇਸ਼ ਇਸ ਮਹੀਨੇ 1965 ਦੀ ਭਾਰਤ-ਪਾਕਿਸਤਾਨ ਜੰਗ ਦੀ ਜਿੱਤ ਦੇ 60 ਸਾਲ ਮਨਾ ਰਿਹਾ ਏ.
- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਹਿੱਤਾਂ ਦੀ ਰਾਖੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਈ.

- ਪੰਜਾਬ ਪੁਲਿਸ ਨੇ ਅੱਜ ਫਗਵਾੜਾ’ਚ ਇੱਕ ਵੱਡੇ ਸਾਈਬਰ ਧੋਖਾਧੜੀ ਰੈਕੇਟ ਦਾ ਪਰਦਾਫਾਸ਼ ਕਰਦਿਆਂ 36 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਏ.
- ਏਸ਼ੀਆ ਕੱਪ Twenty-Twenty ਕ੍ਰਿਕੇਟ ਵਿੱਚ, ਅੱਜ ਭਾਰਤ ਦਾ ਮੁਕਾਬਲਾ ਓਮਾਨ ਨਾਲ ਹੋਵੇਗਾ।

---

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**